ਪੰਜਾਬ ਸਰਕਾਰ
ਸਿੱਖਿਆ ਵਿਭਾਗ

(ਵੈਬਸਾਈਟ ਰਾਹੀਂ)

ਵੱਲ

1) ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.) ਪੰਜਾਬ।
2) ਸਮੂਹ ਜਿਲ੍ਹਾ ਸਕੂਲ ਸਿੱਖਿਆ ਸੁਧਾਰ ਟੀਮ, ਪੰਜਾਬ।

ਮੀਮੋ ਨੰ: ਸ.ਸ.ਸ/2018/28682 ਮਿਤੀ : 12.07.2018

ਵਿਸ਼ਾ: **ਮਿਤੀ 21.06.2018 ਨੂੰ ਸਕੂਲ ਸਿੱਖਿਆ ਸੁਧਾਰ ਟੀਮਾਂ/ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.) ਦੀ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਸਬੰਧੀ ਹਦਾਇਤਾਂ ।**

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ ।

2.0 ਸਕੂਲ ਸਿੱਖਿਆ ਪ੍ਰਣਾਲੀ ਨੂੰ ਬੇਹਤਰ ਅਤੇ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮਿਆਰੀ ਅਤੇ ਗੁਣਵੱਤਾ ਸਿੱਖਿਆ ਮੁਹੱਈਆਂ ਕਰਵਾਉਣ ਲਈ ਵਿਭਾਗ ਵਲੋਂ ਪੁਰਜ਼ੋਰ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਅਣਥੱਕ ਉਪਰਾਲਿਆ ਦੇ ਬਾਵਜੂਦ ਵੀ ਸਕੂਲਾਂ ਵਿੱਚ ਕਈ ਕਮੀਆਂ ਮੀਟਿੰਗ ਦੌਰਾਨ ਸਾਹਮਣੇ ਆਈਆਂ। ਵਿਭਾਗ ਵਲੋਂ ਜਿਸ ਦਾ ਨੋਟਿਸ ਲੈਂਦੇ ਹੋਏ ਹੇਠ ਲਿਖੀਆ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਹਨ ।

- ਜਿਲ੍ਹਾ ਸਿੱਖਿਆ ਅਫਸਰ ਵਲੋਂ ਆਪਣੇ ਜਿਲ੍ਹੇ ਦੀ ਲਗਾਤਾਰ Monitoring ਕੀਤੀ ਜਾਵੇ ਅਤੇ ਸਕੂਲਾਂ ਵਿੱਚ ਪਏ ਪੈਡਿੰਗ ਕੰਮਾਂ ਦਾ ਨਿਪਟਾਰਾ ਤੁਰੰਤ ਕਰਵਾਇਆ ਜਾਵੇ।
- ਹਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.) ਵਲੋਂ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨਾਲ ਸਾਂਝ ਪੈਦਾ ਕਰਕੇ ਉਨਾ ਦੀਆਂ ਮੁਸ਼ਕਿਲਾਂ ਨੂੰ ਦੂਰ ਕਰਨ ਲਈ ਮੌਕੇ ਤੇ ਹੀ ਸਕੂਲ ਮੁੱਖੀ/ਸਕੂਲ ਸਟਾਫ ਨੂੰ ਹਦਾਇਤ ਕੀਤੀ ਜਾਵੇ।
- ਜਿਹੜੇ ਅਧਿਆਪਕ/ਕਰਮਚਾਰੀ ਸਕੂਲਾਂ ਵਿੱਚ ਗੈਰ-ਹਾਜਰ ਅਤੇ ਲੇਟ ਪਾਏ ਜਾਂਦੇ ਹਨ ਉਹਨਾਂ ਵਿਰੁੱਧ ਤੁਰੰਤ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ।
- ਸਕੂਲ ਸਿੱਖਿਆ ਸੁਧਾਰ ਟੀਮਾਂ ਵਲੋਂ ਵਿਜਟ ਕੀਤੇ ਸਕੂਲਾਂ ਦੀ ਰਿਪੋਰਟ ਨੂੰ ਪਹਿਲਾਂ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.) ਵਲੋਂ ਘੋਖਿਆ ਜਾਵੇ ਅਤੇ ਘੋਖਣ ਉਪਰੰਤ ਆਪਣੀ ਟਿੱਪਣੀ ਸਹਿਤ ਰਿਪੋਰਟ ਮੁੱਖ ਦਫਤਰ ਨੂੰ ਭੇਜੀ ਜਾਵੇ।
- ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.) ਵੱਲੋਂ ਆਪਣੇ ਜਿਲ੍ਹੇ ਦੇ ਘਟੋ ਘੱਟ 10 ਵਧੀਆ ਕਾਰਗੁਜਾਰੀ ਵਾਲੇ ਅਤੇ 10 ਮਾੜੀ ਕਾਰਗੁਜਾਰੀ ਵਾਲੇ ਸਕੂਲ ਮੁਖੀਆਂ ਨਾਲ ਮਹੀਨੇ ਵਿੱਚ ਘੱਟੋ ਘੱਟ ਇੱਕ ਵਾਰ ਮੀਟਿੰਗ ਜਰੂਰ ਕੀਤੀ ਜਾਵੇ ਤਾਂ ਜੋ ਵਧੀਆਂ ਕਾਰਗੁਜਾਰੀ ਵਾਲੇ ਸਕੂਲਾਂ ਵਲੋਂ ਕੀਤੇ ਯਤਨਾਂ ਤੋ ਮਾੜੀ ਕਾਰਗੁਜਾਰੀ ਵਾਲੇ ਸਕੂਲਾਂ ਨੂੰ ਵੀ ਪ੍ਰੇਰਣਾ ਮਿਲ ਸਕੇ।

- ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਿਲ੍ਹਾ ਸਿੱਖਿਆ ਸੁਧਾਰ ਟੀਮਾਂ ਨਾਲ ਹਰ ਮਹੀਨੇ ਮੀਟਿੰਗ ਕੀਤੀ ਜਾਵੇ ਅਤੇ ਕੀਤੀ ਗਈ ਕਾਰਵਾਈ ਦੀ ਰਿਪੋਰਟ ਮੁੱਖ ਦਫ਼ਤਰ ਵਿਖੇ ਹੋਣ ਵਾਲੀ ਜਿਲ੍ਹਾ ਸਿੱਖਿਆ ਸੁਧਾਰ ਟੀਮਾਂ ਦੀ ਮੀਟਿੰਗ ਵਿੱਚ ਲਿਆਂਦੀ ਜਾਵੇ।
- ਜਿਲ੍ਹਾ ਸਿੱਖਿਆ ਅਫਸਰ ਵਲੋ ਸਕੂਲ ਸਿੱਖਿਆ ਸੁਧਾਰ ਟੀਮ ਨਾਲ ਕੀਤੀ ਜਾਣ ਵਾਲੀ ਮਹੀਨਾਵਾਰ ਮੀਟਿੰਗ ਵਿੱਚ ਮੁੱਖ ਦਫਤਰ ਵਲੋ ਨਾਮਜਦ Nodal Officer ਦਾ ਵੀ ਭਾਗ ਲੈਣਾ ਯਕੀਨੀ ਬਣਾਇਆ ਜਾਵੇ ਅਤੇ ਸਬੰਧਤ ਨੋਡਲ ਅਫਸਰ ਨੂੰ ਸਮੇਂ ਸਿਰ ਮੀਟਿੰਗ ਦੀ ਸੂਚਨਾ ਭੇਜੀ ਜਾਵੇ ।
- ਜਿਲ੍ਹਾ ਸਿੱਖਿਆ ਸੁਧਾਰ ਟੀਮਾਂ ਦੀ ਮੁੱਖ ਦਫਤਰ ਵਿਖੇ ਹੋਣ ਵਾਲੀ ਮਹੀਨਾਵਾਰ ਮੀਟਿੰਗ ਵਿਚ ਹਰ ਜਿਲ੍ਹੇ ਵਿਚੋ ਘੱਟੋ-ਘੱਟ ਇੱਕ ਵਧੀਆ ਕਾਰਗੁਜਾਰੀ ਵਾਲੇ ਸਕੂਲ ਦੇ ਪ੍ਰਿੰਸੀਪਲ ਦਾ ਭਾਗ ਲੈਣਾ ਯਕੀਨੀ ਬਣਾਇਆ ਜਾਵੇ।
- ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.) ਆਪਣੇ ਅਧੀਨ ਪੈਂਦੇ ਸਾਰੇ ਸਕੂਲਾਂ ਦੇ ਪਖਾਨੇ ਦਰੁਸਤ ਅਤੇ ਸਾਫ ਸੁਥਰੇ ਹੋਣਾ ਯਕੀਨੀ ਬਣਾਉਣਗੇ ।
- ਜਿਨ੍ਹਾਂ ਸਕੂਲਾਂ ਵਿੱਚ ਅਧਿਆਪਕਾਂ ਦੀ ਗਿਣਤੀ ਘੱਟ ਹੈ ਜਾ ਅਧਿਆਪਕਾਂ ਦੀਆਂ ਅਸਾਮੀਆਂ ਖਾਲੀ ਹਨ, ਉਨ੍ਹਾਂ ਸਕੂਲਾਂ ਤੋਂ ਡੀ.ਐਮ/ਬੀ.ਐਮ (ਪੜ੍ਹੋ ਪੰਜਾਬ ਪੜ੍ਹਾਓ ਪੰਜਾਬ ਪ੍ਰੋਜੈਕਟ ਵਿੱਚ ) ਲਗਾਏ ਜਾਣ ਦੀ ਗੁਰੇਜ਼ ਕੀਤੀ ਜਾਵੇ।
- ਸਮੂਹ ਸਕੂਲ ਮੁੱਖੀਆਂ ਵੱਲੋਂ ਆਪਣੇ ਵਿਸ਼ੇ ਨਾਲ ਸਬੰਧਿਤ ਕਲਾਸਾਂ ਲਏ ਜਾਣਾ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਵੱਲੋਂ ਯਕੀਨੀ ਬਣਾਇਆ ਜਾਵੇ।

ਸਕੱਤਰ,
ਸਕੂਲ ਸਿੱਖਿਆ, ਪੰਜਾਬ।

**ਪਿੱਠ ਅੰਕਣ ਨੰ: ਉਕਤ** **ਮਿਤੀ:** 12.07.2018

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਪੀ.ਏ. ਟੂ ਸਕੱਤਰ, ਸਕੂਲ ਸਿੱਖਿਆ,ਪੰਜਾਬ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ,ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.),ਪੰਜਾਬ।
4. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.), ਪੰਜਾਬ।
5. ਡਾਇਰੈਕਟਰ, ਐਸ.ਸੀ.ਈ.ਆਰ.ਟੀ.,ਪੰਜਾਬ।
6. ਡੀ.ਐਮ., ਐਮ.ਆਈ.ਐਸ. ਵਿੰਗ ਨੂੰ ਵੈਬਸਾਈਟ ਤੇ ਅਪਲੋਡ ਕਰਨ ਹਿੱਤ।

ਸਕੱਤਰ,
ਸਕੂਲ ਸਿੱਖਿਆ, ਪੰਜਾਬ।